**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ**

ਵੱਲ

1. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਸਮੂਹ ਸਕੂਲ ਮੁੱਖੀ।

ਮੀਮੋ ਨੰ. Transfer Cell/2023/322388/328

ਮਿਤੀ, 17/03/2023

ਵਿਸ਼ਾ:- ਸਮੂਹ ਅਧਿਕਾਰੀ/ਕਰਮਚਾਰੀਆਂ ਦਾ ਡਾਟਾ ਅਪਡੇਟ ਕਰਨ ਸਬੰਧੀ।

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰ. 11/35/2018-1edu6/1508658 ਮਿਤੀ 25.06.2019 ਰਾਹੀਂ ਸਿੱਖਿਆ ਵਿਭਾਗ ਵਲੋਂ ਅਧਿਆਪਕਾਂ ਦੀਆਂ ਬਦਲੀਆਂ ਸਬੰਧੀ Teacher Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ। ਇਸੇ ਤਰ੍ਹਾਂ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ.5/3-ICT-2019/Trans/303800 ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ.2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

2.0 ਸਾਲ 2023-24 ਦੌਰਾਨ ਵਿਭਾਗ ਵਲੋਂ ਆਨਲਾਈਨ ਵਿਧੀ ਰਾਹੀਂ ਪਾਲਿਸੀ ਤਹਿਤ ਬਦਲੀਆਂ ਦਾ ਕੰਮ ਸ਼ੁਰੂ ਕੀਤਾ ਜਾ ਰਿਹਾ ਹੈ। ਵਿਭਾਗ ਵਲੋਂ ਖਾਲੀ ਅਸਾਮੀਆਂ ਦੀ ਸੂਚੀ ਸਕੂਲ ਵਲੋਂ ਅਪਡੇਟ ਕੀਤੇ ਸਟਾਫ ਦੇ ਡਾਟਾ ਤੋਂ ਤਿਆਰ ਕੀਤੀ ਜਾਂਦੀ ਹੈ। ਇਸ ਲਈ ਸਮੂਹ ਸਕੂਲ ਮੁੱਖੀਆਂ ਨੂੰ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਆਉਂਦੇ ਸਮੂਹ ਅਧਿਆਪਕਾਂ/ਕਰਮਚਾਰੀਆਂ ਦਾ ਡਾਟਾ ਈ ਪੰਜਾਬ ਪੋਰਟਲ ਤੇ ਮਿਤੀ 20.03.2023 ਤੱਕ ਅਪਡੇਟ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਿਭਾਗ ਨੂੰ ਬਦਲੀਆਂ ਸਮੇਂ ਖਾਲੀ ਅਤੇ ਭਰੀਆਂ ਅਸਾਮੀਆਂ ਸਬੰਧੀ ਕਿਸੇ ਕਿਸਮ ਦੀ ਔਕੜ ਪੇਸ਼ ਨਾ ਆਵੇ। ਜੇਕਰ ਡਾਟਾ ਅਪਡੇਟ ਨਾ ਹੋਣ ਦੇ ਕਾਰਨ ਵਿਭਾਗ ਨੂੰ ਕਿਸੇ ਅਣਸੁਖਾਵੀਂ ਸਥਿਤੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਸ ਦੀ ਨਿਰੋਲ ਜਿੰਮੇਵਾਰੀ ਆਪ ਦੀ ਹੋਵੇਗੀ।

ਡਾਇਰੈਕਟਰ, ਸਕੂਲ ਸਿੱਖਿਆ (ਸੈ.ਸਿ), ਪੰਜਾਬ

17/3/2023

Scanned with CamScanner